ਪ੍ਰਭਾਤੀ ਮਹਲਾ ੪ ਬਿਭਾਸ ੴ ਸਤਿਗੁਰ ਪ੍ਰਸਾਦਿ ॥ ਰਸਕਿ ਰਸਕਿ ਗੁਨ ਗਾਵਹ ਗੁਰਮਤਿ ਲਿਵ ਉਨਮਨਿ ਨਾਮਿ ਲਗਾਨ ॥ ਅੰਮ੍ਰਿਤੁ ਰਸੁ ਪੀਆ ਗੁਰ ਸਬਦੀ ਹਮ ਨਾਮ ਵਿਟਹੁ ਕੁਰਬਾਨ ॥ ੧॥ ਹਮਰੇ ਜਗਜੀਵਨ ਹਰਿ ਪ੍ਰਾਨ ॥ ਹਰਿ ਊਤਮੁ ਰਿਦ ਅੰਤਰਿ ਭਾਇਓ ਗੁਰਿ ਮੰਤੁ ਦੀਓ ਹਰਿ ਕਾਨ ॥੧॥ ਰਹਾਉ ॥ ਆਵਹੁ ਸੰਤ ਮਿਲਹੁ ਮੇਰੇ ਭਾਈ ਮਿਲਿ ਹਰਿ ਹਰਿ ਨਾਮੁ ਵਖਾਨ॥ ਕਿਤੁ ਬਿਧਿ ਕਿਉ ਪਾਈਐ ਪ੍ਰਭੁ ਅਪੁਨਾ ਮੋ ਕਉ ਕਰਹੁ ਉਪਦੇਸੁ ਹਰਿ ਦਾਨ ॥ ੨॥ ਸਤਸੰਗਤਿ ਮਹਿ ਹਰਿ ਹਰਿ ਵਸਿਆ ਮਿਲਿ ਸੰਗਤਿ ਹਰਿ ਗੁਨ ਜਾਨ ॥ ਵਡੈ ਭਾਗਿ ਸਤਸੰਗਤਿ ਪਾਈ ਗੁਰੁ ਸਤਿਗੁਰੁ ਪਰਸਿ ਭਗਵਾਨ ॥੩॥ ਗੁਨ ਗਾਵਹ ਪ੍ਰਭ ਅਗਮ ਠਾਕੁਰ ਕੇ ਗੁਨ ਗਾਇ ਰਹੇ ਹੈਰਾਨ ॥ ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਹਰਿ ਨਾਮੁ ਦੀਓ ਖਿਨ ਦਾਨ॥੪॥੧॥ {ਪੰਨਾ 1335}

ਪਦ ਅਰਥ:- ਰਸਕਿ—ਸੁਆਦ ਨਾਲ। ਰਸਕਿ ਰਸਕਿ—ਮੁੜ ਮੁੜ ਸੁਆਦ ਨਾਲ। ਗਾਵਹ—ਆਓ ਅਸੀਂ ਗਾਇਆ ਕਰੀਏ। ਉਨਮਨਿ—ਉਨਮਨ ਵਿਚ, (ਪ੍ਰਭੂ-ਮਿਲਾਪ ਦੀ) ਤਾਂਘ ਵਿਚ। ਨਾਮਿ—ਨਾਮ ਵਿਚ। ਲਗਾਨ—ਲੱਗ ਜਾਂਦੀ ਹੈ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਵਿਟਹੁ—ਤੋਂ।1।

ਜਗਜੀਵਨ ਹਰਿ—ਜਗਤ ਦੇ ਜੀਵਨ ਪ੍ਰਭੂ ਜੀ। ਪ੍ਰਾਨ—ਜਿੰਦ-ਜਾਨ। ਰਿਦ—ਹਿਰਦਾ। ਭਾਇਓ—ਪਿਆਰਾ ਲੱਗ ਪੈਂਦਾ ਹੈ। ਗੁਰਿ—ਗੁਰੂ ਨੇ। ਮੰਤੁ—ਉਪਦੇਸ਼। ਕਾਨ—ਕੰਨਾਂ ਵਿਚ।1। ਰਹਾਉ।

ਸੰਤ—ਹੇ ਸੰਤ ਜਨੋ! ਭਾਈ—ਹੇ ਭਰਾਵੋ! ਮਿਲਿ—ਮਿਲ ਕੇ। ਵਖਾਨ—ਉਚਾਰੀਏ। ਕਿਤੁ—ਕਿਸ ਦੀ ਰਾਹੀਂ? ਕਿਤੁ ਬਿਧਿ—ਕਿਸ ਵਿਧੀ ਨਾਲ? ਕਿਉ—ਕਿਵੇਂ? ਮੋ ਕਉ—ਮੈਨੂੰ।2।

ਹਰਿ ਗੁਨ ਜਾਨ—ਪ੍ਰਭੂ ਦੇ ਗੁਣਾਂ ਨਾਲ ਸਾਂਝ ਬਣਦੀ ਹੈ। ਭਾਗਿ—ਕਿਸਮਤ ਨਾਲ। ਪਰਸਿ—ਛੂਹ ਕੇ।3।

ਗਾਵਹ—ਆਓ ਅਸੀਂ ਗਾਵੀਏ। ਅਗਮ—ਅਪਹੁੰਚ। ਗਾਇ—ਗਾ ਕੇ। ਹੈਰਾਨ—ਵਿਸਮਾਦ ਅਵਸਥਾ ਵਿਚ। ਗੁਰਿ—ਗੁਰੂ ਨੇ।4।

ਅਰਥ:- ਹੇ ਭਾਈ! ਜਗਤ ਦੇ ਜੀਵਨ ਪ੍ਰਭੂ ਜੀ ਹੀ ਅਸਾਂ ਜੀਵਾਂ ਦੀ ਜਿੰਦ-ਜਾਨ ਹਨ (ਫਿਰ ਭੀ ਅਸਾਂ ਜੀਵਾਂ ਨੂੰ ਇਹ ਸਮਝ ਨਹੀਂ ਆਉਂਦੀ)। (ਜਿਸ ਮਨੁੱਖ ਦੇ) ਕੰਨਾਂ ਵਿਚ ਗੁਰੂ ਨੇ ਹਰਿ-ਨਾਮ ਦਾ ਉਪਦੇਸ਼ ਦੇ ਦਿੱਤਾ, ਉਸ ਮਨੁੱਖ ਨੂੰ ਉੱਤਮ ਹਰੀ (ਆਪਣੇ) ਹਿਰਦੇ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ।1। ਰਹਾਉ।

ਹੇ ਭਾਈ! ਗੁਰੂ ਦੀ ਮਤਿ ਉਤੇ ਤੁਰ ਕੇ, ਆਓ ਅਸੀਂ ਮੁੜ ਮੁੜ ਸੁਆਦ ਨਾਲ ਪਰਮਾਤਮਾ ਦੇ ਗੁਣ ਗਾਵਿਆ ਕਰੀਏ, (ਇਸ ਤਰ੍ਹਾਂ) ਪਰਮਾਤਮਾ ਦੇ ਨਾਮ ਵਿਚ ਲਗਨ ਲੱਗ ਜਾਂਦੀ ਹੈ (ਪ੍ਰਭੂ-ਮਿਲਾਪ ਦੀ) ਤਾਂਘ ਵਿਚ ਸੁਰਤਿ ਟਿਕੀ ਰਹਿੰਦੀ ਹੈ। ਹੇ ਭਾਈ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ ਜਾ ਸਕਦਾ ਹੈ। ਹੇ ਭਾਈ! ਮੈਂ ਤਾਂ ਪਰਮਾਤਮਾ ਦੇ ਨਾਮ ਤੋਂ ਸਦਕੇ ਜਾਂਦਾ ਹਾਂ।1।

ਹੇ ਸੰਤ ਜਨੋ! ਹੇ ਮੇਰੇ ਭਰਾਵੋ! ਆਓ, ਮਿਲ ਬੈਠੋ। ਮਿਲ ਕੇ ਪਰਮਾਤਮਾ ਦਾ ਨਾਮ ਜਪੀਏ। ਹੇ ਸੰਤ ਜਨੋ! ਪ੍ਰਭੂ-ਮਿਲਾਪ ਦਾ ਉਪਦੇਸ ਮੈਨੂੰ ਦਾਨ ਵਜੋਂ ਦੇਵੋ (ਮੈਨੂੰ ਦੱਸੋ ਕਿ) ਪਿਆਰਾ ਪ੍ਰਭੂ ਕਿਵੇਂ ਕਿਸ ਤਰੀਕੇ ਨਾਲ ਮਿਲ ਸਕਦਾ ਹੈ।2।

ਹੇ ਭਾਈ! ਪਰਮਾਤਮਾ ਸਾਧ ਸੰਗਤਿ ਵਿਚ ਸਦਾ ਵੱਸਦਾ ਹੈ। ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਗੁਣਾਂ ਦੀ ਸਾਂਝ ਪੈ ਸਕਦੀ ਹੈ। ਜਿਸ ਨੂੰ ਵੱਡੀ ਕਿਸਮਤ ਨਾਲ ਸਾਧ ਸੰਗਤਿ ਪ੍ਰਾਪਤ ਹੋ ਗਈ, ਉਸ ਨੇ ਗੁਰੂ ਸਤਿਗੁਰੂ (ਦੇ ਚਰਨ) ਛੁਹ ਕੇ ਭਗਵਾਨ (ਦਾ ਮਿਲਾਪ ਹਾਸਲ ਕਰ ਲਿਆ)।3।

ਹੇ ਭਾਈ! ਆਓ, ਅਪਹੁੰਚ ਠਾਕੁਰ ਪ੍ਰਭੂ ਦੇ ਗੁਣ ਗਾਵਿਆ ਕਰੀਏ। ਉਸ ਦੇ ਗੁਣ ਗਾ ਗਾ ਕੇ (ਉਸ ਦੀ ਵਡਿਆਈ

ਅੱਖਾਂ ਸਾਹਮਣੇ ਲਿਆ ਲਿਆ ਕੇ) ਹੈਰਤ ਵਿਚ ਗੁੰਮ ਹੋ ਜਾਈਦਾ ਹੈ। ਹੇ ਨਾਨਕ! ਜਿਸ ਦਾਸ ਉੱਤੇ ਗੁਰੂ ਨੇ ਮਿਹਰ ਕੀਤੀ, ਉਸ ਨੂੰ (ਗੁਰੂ ਨੇ) ਇਕ ਖਿਨ ਵਿਚ ਪਰਮਾਤਮਾ ਦਾ ਨਾਮ ਦਾਨ ਦੇ ਦਿੱਤਾ।4।1।